# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :23-12-2025**

ਅੱਜ ਸਾਰੇ ਦੇਸ਼ ਵਿੱਚ ਰਾਸ਼ਟਰੀ ਕਿਸਾਨ ਦਿਵਸ ਮਨਾਇਆ ਜਾ ਰਿਹਾ ਏ । ਇਹ ਦਿਨ ਦਿਹਾਤੀ ਮੁੱਦਿਆਂ ਦੀ ਡੂੰਘੀ ਸਮਝ ਅਤੇ ਕਿਸਾਨਾਂ ਦੀ ਭਲਾਈ ਲਈ ਆਪਣਾ ਜੀਵਨ ਸਮਰਪਿਤ ਕਰਨ ਵਾਲੇ ਸਾਬਕਾ ਪ੍ਰਧਾਨ ਮੰਤਰੀ ਚੌਧਰੀ ਚਰਨ ਸਿੰਘ ਜੀ ਦੀ ਜਨਮ ਵਰ੍ਹੇਗੰਢ ਮੌਕੇ ਮਨਾਇਆ ਜਾਂਦਾ ਏ। ਇਕ ਸੋਸ਼ਲ ਮੀਡੀਆ ਪੋਸਟ ਵਿਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਬਕਾ ਪ੍ਰਧਾਨ ਮੰਤਰੀ ਤੇ ਭਾਰਤ ਰਤਨ ਨਾਲ ਸਨਮਾਨਿਤ ਚੌਧਰੀ ਚਰਨ ਸਿੰਘ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਸ਼ਰਧਾਂਜਲੀ ਭੇਂਟ ਕੀਤੀ ਏ । ਸ੍ਰੀ ਮੋਦੀ ਨੇ ਕਿਹਾ ਕਿ ਚੌਧਰੀ ਚਰਨ ਸਿੰਘ ਨੇ ਆਪਣਾ ਜੀਵਨ, ਸਮਾਜ ਦੇ ਪੱਛੜੇ ਵਰਗਾਂ ਦੀ ਭਲਾਈ ਦੇ ਨਾਲ-ਨਾਲ ਖੇਤੀਬਾੜੀ ਦੀ ਤਰੱਕੀ ਤੇ ਕਿਸਾਨਾਂ ਦੀ ਖੁਸ਼ਹਾਲੀ ਲਈ ਸਮਰਪਿਤ ਕੀਤਾ। ਕੇਂਦਰੀ ਖੇਤਾਬਾੜੀ ਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਚੌਧਰੀ ਚਰਨ ਸਿੰਘ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਸ਼ਰਧਾਂਜਲੀ ਭੇਂਟ ਕੀਤੀ ਏ। ਉਨ੍ਹਾਂ ਕਿਹਾ ਕਿ ਚੌਧਰੀ ਚਰਨ ਸਿੰਘ ਦੇ ਵਿਚਾਰ ਵਿਕਸਿਤ ਅਤੇ ਆਤਮ-ਨਿਰਭਰ ਦੇਸ਼ ਬਣਾਉਣ ਵਿੱਚ ਹਮੇਸ਼ਾ ਪ੍ਰਸੰਗਿਕ ਰਹਿਣਗੇ।

---

ਇਸ ਸਾਲ ਹੁਣ ਤੱਕ ਦੇਸ਼ ਵਿਚ 580 ਲੱਖ ਹੈਕਟੇਅਰ ਤੋਂ ਵੱਧ ਰਕਬੇ ਵਿੱਚ ਹਾੜ੍ਹੀ ਦੀਆਂ ਫਸਲਾਂ ਦੀ ਬਿਜਾਈ ਕੀਤੀ ਗਈ ਏ, ਜੋ ਕਿ ਪਿਛਲੇ ਸਾਲ ਦੀ ਇਸੇ ਮਿਆਦ ਨਾਲੋਂ ਲਗਭਗ 8 ਲੱਖ ਹੈਕਟੇਅਰ ਵੱਧ ਏ । ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਨੇ ਇਸ ਮਹੀਨੇ ਦੀ 19 ਤਰੀਕ ਤੱਕ ਹਾੜ੍ਹੀ ਦੀਆਂ ਫਸਲਾਂ ਅਧੀਨ ਕੀਤੀ ਗਈ ਬਿਜਾਈ ਦੀ ਪ੍ਰਗਤੀ ਰਿਪੋਰਟ ਜਾਰੀ ਕੀਤੀ ਏ। ਮੰਤਰਾਲੇ ਨੇ ਦੱਸਿਆ ਏ ਕਿ ਇਸ ਸਾਲ ਕਣਕ ਦੀ ਬਿਜਾਈ 301 ਲੱਖ ਹੈਕਟੇਅਰ ਤੋਂ ਵੱਧ ਰਕਬੇ ਵਿੱਚ ਕੀਤੀ ਗਈ ਏ, ਜਦਕਿ ਪਿਛਲੇ ਸਾਲ ਦੀ ਇਸੇ ਮਿਆਦ ਦੌਰਾਨ 3 ਲੱਖ ਹੈਕਟੇਅਰ ਰਕਬੇ ਵਿੱਚ ਦਾਲਾਂ ਦੀ ਕਾਸ਼ਤ ਕੀਤੀ ਗਈ ਸੀ. ਜਦੋਂ ਕਿ ਝੋਨੇ ਦੀ ਕਾਸ਼ਤ ਵਿਚ 13 ਲੱਖ ਹੈਕਟੇਅਰ ਤੋਂ ਵੱਧ ਦਾ ਵਾਧਾ ਹੋਇਆ ਏ।

--------------------------------------------------------------------------------

ਸਰਹੱਦੀ ਸੁਰੱਖਿਆ ਬਲ (BSF) ਨੇ ਪੰਜਾਬ ਪੁਲਿਸ ਦੀ ਨਸ਼ੀਲੇ ਪਦਾਰਥਾਂ ਵਿਰੋਧੀ ਟਾਸਕ ਫੋਰਸ (ANTF) ਦੇ ਤਾਲਮੇਲ ਨਾਲ ਬੀਤੀ ਦੇਰ ਰਾਤ ਅੰਮ੍ਰਿਤਸਰ ਦੇ ਪਿੰਡ ਡੱਲੇਕੇ ਨੇੜੇ 12 ਕਿਲੋਗ੍ਰਾਮ ਤੋਂ ਵੱਧ ਵਜ਼ਨ ਵਾਲੀ ਹੈਰੋਇਨ ਬਰਾਮਦ ਕੀਤੀ ਏ । ਪੁਲਿਸ ਹਲਕਿਆਂ ਨੇ ਪੁਸ਼ਟੀ ਕੀਤੀ ਏ ਕਿ ਸਰਹੱਦ ਪਾਰ ਤੋਂ ਸਰਹੱਦੀ ਖੇਤਰ ਵਿੱਚ ਡਰੋਨ ਸਰਗਰਮੀ ਬਾਰੇ ਜਾਣਕਾਰੀ ਮਿਲਣ ਤੋਂ ਬਾਅਦ ਇਹ ਬਰਾਮਦਗੀ ਕੀਤੀ ਗਈ । ਤਕਨੀਕੀ ਸਬੂਤਾਂ ਅਤੇ ਖੁਫੀਆ ਜਾਣਕਾਰੀ ਦੀ ਵਰਤੋਂ ਕਰ ਕੇ ਹੋਰ ਸਬੰਧਾਂ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਏ।

---

ਪੰਜਾਬ ਸਰਕਾਰ ਨੇ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਤਰਜੀਹ ਦਿੰਦਿਆਂ ਸਰਦੀਆਂ ਦੇ ਮੌਸਮ ਦੌਰਾਨ ਧੁੰਦ ਕਾਰਨ ਹੋਣ ਵਾਲੀਆਂ ਅਣਸੁਖਾਵੀਆਂ ਘਟਨਾਵਾਂ ਦੀ ਰੋਕਥਾਮ ਲਈ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ ਨੇ । ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਸੂਬੇ ਭਰ ਵਿੱਚ ਸੁਰੱਖਿਅਤ ਸਕੂਲ ਵਾਹਨ ਨੀਤੀ ਨੂੰ ਪੂਰੀ ਤਰ੍ਹਾਂ ਲਾਗੂ ਕਰਵਾਉਣ ਦੇ ਹੁਕਮ ਦਿੱਤੇ ਨੇ । ਉਨ੍ਹਾਂ ਦੱਸਿਆ ਕਿ ਟਰਾਂਸਪੋਰਟ ਵਿਭਾਗ ਦੀ ਸੁਰੱਖਿਅਤ ਸਕੂਲ ਵਾਹਨ ਨੀਤੀ ਅਧੀਨ ਪੰਜਾਬ ਵਿੱਚ ਸਕੂਲ ਵਾਹਨਾਂ ਦੀ ਨਿਯਮਤ ਚੈਕਿੰਗ ਕੀਤੀ ਜਾਵੇਗੀ ਅਤੇ ਨੀਤੀ ਦੇ ਸਾਰੇ ਨਿਰਧਾਰਤ ਨਿਯਮਾਂ ਦੀ ਪਾਲਣਾ ਯਕੀਨੀ ਬਣਾਈ ਜਾਵੇਗੀ । ਡਾ. ਬਲਜੀਤ ਕੌਰ ਨੇ ਕਿਹਾ ਕਿ ਧੁੰਦ ਦੌਰਾਨ ਵਾਹਨਾਂ ਦੇ ਸੁਰੱਖਿਅਤ ਸੰਚਾਲਨ ਲਈ ਵਾਹਨਾਂ ਦੀ ਰਫ਼ਤਾਰ ਘਟਾਉਣਾ, ਰਿਫਲੈਕਟਰਾਂ ਦੀ ਵਰਤੋਂ ਅਤੇ ਹੈੱਡ-ਲਾਈਟਸ ਤੇ ਫੋਗ ਲਾਈਟਸ ਚਾਲੂ ਰੱਖਣਾ ਲਾਜ਼ਮੀ ਕੀਤਾ ਗਿਆ ਏ । ਉਨ੍ਹਾਂ ਨੇ ਸਕੂਲ ਪ੍ਰਬੰਧਕਾਂ ਨੂੰ ਸਖ਼ਤ ਹਦਾਇਤਾ ਦਿੰਦਿਆਂ ਕਿਹਾ ਏ ਕਿ ਜੇਕਰ ਧੁੰਦ ਕਾਰਨ ਸਕੂਲੀ ਵਾਹਨ ਦੇਰੀ ਨਾਲ ਸਕੂਲ ਪਹੁੰਚਦੇ ਨੇ , ਤਾਂ ਕਿਸੇ ਵੀ ਤਰ੍ਹਾਂ ਦਾ ਦਬਾਅ ਨਾ ਬਣਾਇਆ ਜਾਵੇ।।

---

ਜਲੰਧਰ ਦੇ ਜ਼ਿਲ੍ਹਾ ਰੋਜ਼ਗਾਰ ਉੱਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਬਿਊਰੋ ਦੇ ਡਿਪਟੀ ਡਾਇਰੈਕਟਰ ਨੀਲਮ ਮਹੇ ਨੇ ਦੱਸਿਆ ਏ ਕਿ ਅਗਨੀਵੀਰ, ਟੀ.ਏ. ਆਰਮੀ ਅਤੇ ਐੱਸ.ਐੱਸ.ਸੀ. (SSC) ਦੀ ਭਰਤੀ ਦੀ

ਤਿਆਰੀ ਲਈ  ਸੀ-ਪਾਈਟ ਕੈਂਪ, ਥੇਹ ਕਾਂਜਲਾ ਵਿਚ ਮੁਫ਼ਤ ਟ੍ਰੇਨਿੰਗ ਸ਼ੁਰੂ ਹੋ ਗਈ ਏ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਪ੍ਰਾਰਥੀਆਂ ਨੇ ਅਗਨੀਵੀਰ ਦਾ ਲਿਖਤੀ ਟੈਸਟ ਪਾਸ ਕਰ ਲਿਆ ਏ, ਉਹ ਸਰੀਰਕ ਟੈਸਟ ਦੀ ਟ੍ਰੇਨਿੰਗ ਲਈ ਅਤੇ ਜਿਨ੍ਹਾਂ ਬਿਨੈਕਾਰਾਂ ਨੇ ਟੀ.ਏ.ਆਰਮੀ ਦਾ ਫਿਜ਼ੀਕਲ ਟੈਸਟ ਪਾਸ ਕਰ ਲਿਆ ਏ, ਉਹ ਲਿਖਤੀ ਪ੍ਰੀਖਿਆ ਦੀ ਤਿਆਰੀ ਲਈ ਸੀ-ਪਾਈਟ ਕੈਂਪ, ਥੇਹ ਕਾਂਜਲਾ, ਕਪੂਰਥਲਾ ਵਿਚ ਮੁਫ਼ਤ ਟ੍ਰੇਨਿੰਗ ਲਈ ਸੰਪਰਕ ਕਰ ਸਕਦੇ ਨੇ । ਕੈਂਪ ਵਿਚ ਸਿਖਿਆਰਥੀਆਂ ਨੂੰ ਰਿਹਾਇਸ਼, ਖਾਣਾ, ਜਿੰਮ, ਸਮਾਰਟ ਕਲਾਸ ਰੂਮ ਵਰਗੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ |

---

ਪੰਜਾਬ ਵਿਜੀਲੈਂਸ ਬਿਊਰੋ ਨੇ ਫਰੀਦਕੋਟ ਵਿਚ ਪਟਵਾਰੀ ਪੂਜਾ ਯਾਦਵ ਦੇ ਅਧੀਨ ਕੰਮ ਕਰਦੇ ਪ੍ਰਾਈਵੇਟ ਏਜੰਟ ਸੁਖਵਿੰਦਰ ਸਿੰਘ ਨੂੰ 1500/- ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਏ। ਵਿਜੀਲੈਂਸ ਬਿਊਰੋ ਦੇ  ਬੁਲਾਰੇ ਨੇ ਕਿਹਾ ਕਿ ਜ਼ਿਲ੍ਹਾ ਫਰੀਦਕੋਟ ਦੇ ਭਾਨ ਸਿੰਘ ਕਾਲੋਨੀ ਦੇ ਵਸਨੀਕ ਨੇ  ਸ਼ਿਕਾਇਤ ਦਿੱਤੀ ਸੀ ਕਿ ਪ੍ਰਾਈਵੇਟ ਏਜੰਟ ਸੁਖਵਿੰਦਰ ਸਿੰਘ ਨੇ ਪਲਾਟ ਦਾ ਇੰਤਕਾਲ ਕਰਵਾਉਣ ਬਦਲੇ 2,000/- ਰੁਪਏ ਦੀ ਰਿਸ਼ਵਤ ਮੰਗੀ ਸੀ। ਸ਼ਿਕਾਇਤਕਰਤਾ ਨੇ ਗੱਲਬਾਤ ਰਿਕਾਰਡ ਕਰ ਲਈ ਸੀ ਤੇ ਇਸ ਸ਼ਿਕਾਇਤ ’ਤੇ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਮੁਲਜ਼ਮ ਸੁਖਵਿੰਦਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਲੈਂਦੇ ਹੋਏ ਗ੍ਰਿਫ਼ਤਾਰ ਕਰ ਲਿਆ।